ਲੋਭ ਲਹਰਿ ਅਤਿ ਨੀਝਰ ਬਾਜੈ ॥ ਕਾਇਆ ਡੂਬੈ ਕੇਸਵਾ ॥ ੧॥ ਸੰਸਾਰੁ ਸਮੁੰਦੇ ਤਾਰਿ ਗੋਬਿੰਦੇ ॥ ਤਾਰਿ ਲੈ ਬਾਪ ਬੀਠੁਲਾ ॥ ੧॥ ਰਹਾਉ ॥ ਅਨਿਲ ਬੇੜਾ ਹਉ ਖੇਵਿ ਨ ਸਾਕਉ ॥ ਤੇਰਾ ਪਾਰੁ ਨ ਪਾਇਆ ਬੀਠੁਲਾ ॥੨॥ ਹੋਹੁ ਦਇਆਲੁ ਸਤਿਗੁਰੁ ਮੇਲਿ ਤੂ ਮੋ ਕਉ ॥ ਪਾਰਿ ਉਤਾਰੇ ਕੇਸਵਾ ॥੩॥ ਨਾਮਾ ਕਹੈ ਹਉ ਤਰਿ ਭੀ ਨ ਜਾਨਉ ॥ ਮੋ ਕਉ ਬਾਹ ਦੇਹਿ ਬਾਹ ਦੇਹਿ ਬੀਠੁਲਾ ॥ ੪॥੨॥ {ਪੰਨਾ 1196}

ਪਦਅਰਥ:- ਨੀਝਰ—{Skt. inBLØr—A spring, waterfall, mountain-torrent} ਝੀਲ, ਚਸ਼ਮਾ, ਪਹਾੜੀ ਨਦੀ। ਬਾਜੈ—ਵੱਜ ਰਹੀਆਂ ਹਨ, ਠਾਠਾਂ ਮਾਰ ਰਹੀਆਂ ਹਨ। ਕੇਸਵਾ—ਹੇ ਕੇਸ਼ਵ! ਹੇ ਪ੍ਰਭੂ! {ky_w: pR_Ôqw: siNq AÔX} ਹੇ ਲੰਮੇ ਕੇਸਾਂ ਵਾਲੇ!।1।

ਗੋਬਿੰਦੇ—{ਨੋਟ:- ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਗੋਬਿੰਦ' ਹੈ, ਇੱਥੇ 'ਗੁਬਿੰਦ' ਪੜ੍ਹਨਾ ਹੈ} ਹੇ ਗੋਬਿੰਦ! ਬਾਪ ਬੀਠਲਾ—ਹੇ ਬੀਠਲ ਪਿਤਾ! ਬੀਠੁਲ—{Skt. ivÕTl iv+ÔQl—One standing aloof} ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ।1। ਰਹਾਉ।

ਅਨਿਲ—{Ainiq Anyn eiq Ainl—That by means of which one breaths} ਹਵਾ। ਖੇਵਿ ਨ ਸਾਕਉ—ਚੱਪੂ ਨਹੀਂ ਲਗਾ ਸਕਦਾ। ਖੇਵਿ—{Skt. i˜p`—to throw, to steer. i˜pix—an oar, ਚੱਪੂ} ਚੱਪੂ ਲਾਣਾ। ਪਾਰੁ—ਪਾਰਲਾ ਬੰਨਾ।2।

ਮੋ ਕਉ—ਮੈਨੂੰ। ਉਤਾਰੇ—ਉਤਾਰਿ, ਲੰਘਾ।3।

ਤਰਿ ਨ ਜਾਨਉ—ਮੈਂ ਤਰਨਾ ਨਹੀਂ ਜਾਣਦਾ।4।

ਅਰਥ:- ਹੇ ਬੀਠਲ ਪਿਤਾ! ਹੇ ਗੋਬਿੰਦ! ਮੈਨੂੰ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਾ ਲੈ।1। ਰਹਾਉ।

ਹੇ ਸੁਹਣੇ ਕੇਸਾਂ ਵਾਲੇ ਪ੍ਰਭੂ! (ਇਸ ਸੰਸਾਰ-ਸਮੁੰਦਰ ਵਿਚ) ਲੋਭ ਦੀਆਂ ਠਿੱਲ੍ਹਾਂ ਬੜੀਆਂ ਠਾਠਾਂ ਮਾਰ ਰਹੀਆਂ ਹਨ, ਮੇਰਾ ਸਰੀਰ ਇਹਨਾਂ ਵਿਚ ਡੁੱਬਦਾ ਜਾ ਰਿਹਾ ਹੈ।1।

ਹੇ ਬੀਠਲ! (ਮੇਰੀ ਜ਼ਿੰਦਗੀ ਦੀ) ਬੇੜੀ ਝੱਖੜ ਵਿਚ (ਫਸ ਗਈ ਹੈ), ਮੈਂ ਇਸ ਨੂੰ ਚੱਪੂ ਲਾਣ ਜੋਗਾ ਨਹੀਂ ਹਾਂ; ਪ੍ਰਭੂ! ਤੇਰੇ (ਇਸ ਸੰਸਾਰ-ਸਮੁੰਦਰ ਦਾ) ਮੈਨੂੰ ਪਾਰਲਾ ਬੰਨਾ ਨਹੀਂ ਲੱਭਦਾ।2।

ਹੇ ਕੇਸ਼ਵ! ਮੇਰੇ ਉੱਤੇ ਦਇਆ ਕਰ, ਮੈਨੂੰ ਗੁਰੂ ਮਿਲਾ, ਤੇ (ਇਸ ਸਮੁੰਦਰ ਵਿਚੋਂ) ਪਾਰ ਲੰਘਾ।3।

(ਤੇਰਾ) ਨਾਮਦੇਵ, ਹੇ ਬੀਠਲ! ਬੇਨਤੀ ਕਰਦਾ ਹੈ—(ਸਮੁੰਦਰ ਵਿਚ ਠਿਲ੍ਹਾਂ ਪੈ ਰਹੀਆਂ ਹਨ, ਮੇਰੀ ਬੇੜੀ ਝੱਖੜ ਦੇ ਮੂੰਹ ਆ ਪਈ ਹੈ, ਤੇ) ਮੈਂ ਤਾਂ ਤਰਨਾ ਭੀ ਨਹੀਂ ਜਾਣਦਾ, ਮੈਨੂੰ ਆਪਣੀ ਬਾਂਹ ਫੜਾ, ਦਾਤਾ! ਬਾਂਹ ਫੜਾ।4।1।2।

ਸ਼ਬਦ ਦਾ ਭਾਵ—ਦੁਨੀਆ ਦੇ ਵਿਕਾਰਾਂ ਤੋਂ ਬਚਣ ਲਈ ਇੱਕੋ-ਇੱਕ ਤਰੀਕਾ ਹੈ—ਪਰਮਾਤਮਾ ਦੇ ਦਰ ਤੇ ਅਰਦਾਸ।